ਸਾਹਿਤਕ ਕਵੀ, ਕਹਾਣੀਕਾਰ, ਲੇਖਕ ਅਤੇ ਗੀਤ ਸੰਗੀਤ ਵਿੱਚ ਰੁਚੀ ਰੱਖਣ ਵਾਲਿਆਂ ਲਈ ਫੋਟੋ ਅਤੇ ਆਪਣੀ ਨਿੱਜੀ ਰਚਨਾ ਭੇਜਣ ਲਈ
Whatsapp No
416 700 9100
vishavpunjabisanjh@gmail.com

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ

ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਟਾਂਰੀਓ





ਮੁੱਖ ਸੰਪਾਦਕ
ਡਾ.ਦਲਬੀਰ ਸਿੰਘ ਕਥੂਰੀਆ



Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA
BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS


## ਡੇਰਾ ਬਿਆਸ ਦੇ ਬਾਬਾ ਗੁਰਿੰਦਰ ਢਿੱਲੋਂ ਨੇ ਪੋਪ ਫਰਾਂਸਿਸ ਨਾਲ ਕੀਤੀ ਮੁਲਾਕਾਤ: ਜਸਦੀਪ ਗਿੱਲ ਨਾਲ ਇਟਲੀ ਪਹੁੰਚੇ ਨਵੇਂ ਡੇਰਾ ਮੁਖੀ,



### ਤਿੰਨਾਂ ਅਧਿਆਤਮਿਕ ਮੁਖੀ ਵਿਚਕਾਰ 2 ਘੰਟੇ ਤੱਕ ਚਰਚਾ ਚੱਲੀ।

ਇਟਲੀ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪੰਜਾਬ ਦੇ ਪ੍ਰਮੁੱਖ ਡੇਰਿਆਂ ਵਿੱਚੋਂ ਇੱਕ ਅੰਮ੍ਰਿਤਸਰ ਦੇ ਰਾਧਾ ਸੁਆਮੀ ਬਿਆਸ ਡੇਰੇ ਦੇ ਨਵੇਂ ਮੁਖੀ ਅਤੇ ਸਾਬਕਾ ਮੁਖੀ ਨੇ ਇਟਲੀ ਵਿੱਚ ਪੋਪ ਫਰਾਂਸਿਸ ਨਾਲ ਮੁਲਾਕਾਤ ਕੀਤੀ। ਡੇਰਾ ਬਿਆਸ ਦੇ ਸਾਬਕਾ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਅਤੇ ਨਵ-ਨਿਯੁਕਤ ਡੇਰਾ ਮੁਖੀ ਜਸਦੀਪ ਸਿੰਘ ਗਿੱਲ ਦੀ ਇਹ ਮੁਲਾਕਾਤ ਇਟਲੀ ਦੇ ਵੈਟੀਕਨ ਸਿਟੀ ਵਿਖੇ ਹੋਈ। ਜਿੱਥੇ ਪੋਪ ਫਰਾਂਸਿਸ ਨਾਲ ਦੋ ਘੰਟੇ ਤੋਂ ਵੱਧ ਸਮੇਂ ਤੱਕ ਗੱਲਬਾਤ ਚੱਲੀ। ਇਸ ਚਰਚਾ ਵਿੱਚ ਸਭ ਤੋਂ ਵੱਡਾ ਮੁੱਦਾ ਸੰਸਾਰ ਵਿੱਚ ਧਰਮ ਦੇ ਪ੍ਰਚਾਰ ਦਾ ਸੀ। ਤਿੰਨਾਂ ਅਧਿਆਤਮਕ ਆਗੂਆਂ ਨੇ ਵਿਸ਼ਵ ਸ਼ਾਂਤੀ ਬਾਰੇ ਵੀ ਖੁੱਲ੍ਹ ਕੇ ਚਰਚਾ ਕੀਤੀ। ਤਿੰਨਾਂ ਦੀ ਮੁਲਾਕਾਤ ਦੀਆਂ ਕੁਝ ਤਸਵੀਰਾਂ ਵੀ ਸਾਹਮਣੇ ਆਈਆਂ ਹਨ, ਜਿਸ 'ਚ ਉਹ ਪੋਪ ਫਰਾਂਸਿਸ ਨਾਲ ਬੈਠੇ ਨਜ਼ਰ ਆ ਰਹੇ ਹਨ, ਜਿਸ 'ਚ ਪੀਐੱਮ, ਗ੍ਰਹਿ ਮੰਤਰੀ ਸਮੇਤ ਕਈ ਨੇਤਾਵਾਂ ਨੇ ਬਾਬਾ ਗੁਰਿੰਦਰ ਸਿੰਘ ਨਾਲ ਮੁਲਾਕਾਤ ਕੀਤੀ ਸੀ।

## ਮਨਪ੍ਰੀਤ ਬਾਦਲ ਗਿੱਦੜਬਾਹਾ ਤੇ ਕੇਵਲ ਢਿੱਲੋਂ ਬਰਨਾਲਾ ਤੋਂ ਲੜ ਸਕਦੇ ਨੇ ਚੋਣ





ਚੰਡੀਗੜ੍ਹ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ)-ਪੰਜ ਵਾਰ ਵਿਧਾਇਕ ਰਹੇ ਅਤੇ ਭਾਜਪਾ ਆਗੂ ਮਨਪ੍ਰੀਤ ਸਿੰਘ ਬਾਦਲ ਨੇ ਸਿਹਤ ਸਬੰਧੀ ਮਸਲਿਆਂ ਤੋਂ ਉਭਰਨ ਮਗਰੋਂ ਗਿੱਦੜਬਾਹਾ ਵਿਧਾਨ ਸਭਾ ਜ਼ਿਮਨੀ ਚੋਣ ਲਈ ਤਿਆਰੀ ਵਿੱਢ ਦਿੱਤੀ ਹੈ। ਭਾਜਪਾ ਨੇ ਤਕਰੀਬਨ ਉਨ੍ਹਾਂ ਦਾ ਨਾਮ ਇਸ ਸੀਟ ਲਈ ਤੈਅ ਕਰ ਲਿਆ ਦੱਸਿਆ ਜਾ ਰਿਹਾ ਹੈ। ਭਾਜਪਾ ਦੀ ਟਿਕਟ 'ਤੇ ਮਨਪ੍ਰੀਤ ਬਾਦਲ ਪਹਿਲੀ ਵਾਰ ਚੋਣ ਲੜ ਸਕਦੇ ਹਨ। ਇਸੇ ਤਰ੍ਹਾਂ ਭਾਜਪਾ ਨੇ ਬਰਨਾਲਾ ਸੀਟ ਲਈ ਕੇਵਲ ਢਿੱਲੋਂ ਦਾ ਨਾਮ ਤੈਅ ਕਰ ਲਿਆ ਹੈ। ਇਹ ਦੋਵੇਂ ਆਗੂ ਪਹਿਲਾਂ ਹੀ ਇਨ੍ਹਾਂ ਵਿਧਾਨ ਸਭਾ ਹਲਕਿਆਂ 'ਚ ਸਰਗਰਮ ਹਨ ਅਤੇ ਉਨ੍ਹਾਂ ਵੱਲੋਂ ਪਾਰਟੀ ਵਰਕਰਾਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਪਾਰਟੀ ਸੂਤਰਾਂ ਨੇ ਕਿਹਾ ਕਿ ਡੇਰਾ ਬਾਬਾ ਨਾਨਕ ਸੀਟ ਤੋਂ ਰਵੀ ਕਰਨ ਕਾਹਲੋਂ ਦਾ ਨਾਮ ਸਭ ਤੋਂ ਅੱਗੇ ਚੱਲ ਰਿਹਾ ਹੈ। ਚੱਬੇਵਾਲ ਸੀਟ 'ਤੇ ਉਮੀਦਵਾਰ ਦੀ ਚੋਣ ਨੂੰ ਲੈ ਕੇ ਪਾਰਟੀ ਅਜੇ ਕਿਸੇ ਨਤੀਜੇ 'ਤੇ ਨਹੀਂ ਪੁੱਜੀ ਹੈ। ਭਾਜਪਾ ਦੇ ਪ੍ਰਦੇਸ਼ ਪ੍ਰਧਾਨ ਸੁਨੀਲ ਜਾਖੜ ਵੱਲੋਂ ਜੁਲਾਈ ਤੋਂ ਮੀਟਿੰਗਾਂ 'ਚ ਹਿੱਸਾ ਨਹੀਂ ਲਿਆ ਜਾ ਰਿਹਾ ਹੈ ਜਿਸ ਕਾਰਨ ਪਾਰਟੀ ਪੰਜਾਬ 'ਚ ਲੀਡਰਸ਼ਿਪ ਦੇ ਸੰਕਟ ਦਾ ਸਾਹਮਣਾ ਕਰ ਰਹੀ ਹੈ। ਜਾਖੜ ਨੂੰ ਮਨਾਉਣ 'ਚ ਨਾਕਾਮ ਰਹਿਣ ਮਗਰੋਂ ਪਾਰਟੀ ਨੇ ਜ਼ਿਮਨੀ ਚੋਣਾਂ ਲਈ ਇੰਚਾਰਜ, ਸਹਾਇਕ ਇੰਚਾਰਜ ਅਤੇ ਮੰਡਲ ਕੁਆਰਡੀਨੇਟਰਾਂ ਦੀ ਅਗਵਾਈ ਹੇਠ ਟੀਮਾਂ ਬਣਾਈਆਂ ਹਨ ਜੋ ਪ੍ਰਚਾਰ ਦੀ ਜ਼ਿੰਮੇਵਾਰੀ ਸੰਭਾਲਣਗੀਆਂ। ਪੰਜਾਬ ਭਾਜਪਾ ਦੇ ਸਕੱਤਰ ਸੁਨੀਲ ਭਾਰਦਵਾਜ ਨੇ ਦੱਸਿਆ ਕਿ ਅਵਿਨਾਸ਼ ਰਾਏ ਖੰਨਾ ਨੂੰ ਗਿੱਦੜਬਾਹਾ, ਮਨੋਰੰਜਨ ਕਾਲੀਆ ਨੂੰ ਬਰਨਾਲਾ, ਸ਼ਵੇਤ ਮਲਿਕ ਨੂੰ ਚੱਬੇਵਾਲ ਅਤੇ ਅਸ਼ਵਨੀ ਸ਼ਰਮਾ ਨੂੰ ਡੇਰਾ ਬਾਬਾ ਨਾਨਕ ਵਿਧਾਨ ਸਭਾ ਸੀਟ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਨੂੰ ਮੀਡੀਆ ਤੇ ਆਈਟੀ ਮਾਮਲਿਆਂ ਦਾ ਇੰਚਾਰਜ ਬਣਾਇਆ ਗਿਆ ਹੈ।

























## ਭੈਣ ਜੀ ਕੈਲਾਸ਼ ਕੌਰ ਨਹੀਂ ਰਹੇ



ਬਰੈਂਪਟਨ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ)- ਭਾਜੀ ਗੁਰਸ਼ਰਨ ਸਿੰਘ ਦੇ ਜੀਵਨ ਸਾਥਣ ਭੈਣ ਜੀ ਕੈਲਾਸ਼ ਕੌਰ (91) ਰਾਤੀਂ ਸਦੀਵੀ ਵਿਛੋੜਾ ਦੇ ਗਏ ਹਨ। ਭੈਣ ਜੀ ਕੈਲਾਸ਼ ਕੌਰ ਇਸ ਸਮੇਂ ਆਪਣੀ ਬੇਟੀ ਡਾ. ਨਵਸ਼ਰਨ ਕੌਲ ਨੋਇਡਾ ਰਹਿ ਰਹੇ ਸਨ। ਦੋ ਤਿੰਨ ਦਿਨਾਂ ਤੋਂ ਉਨ੍ਹਾਂ ਦੀ ਸਿਹਤ ਠੀਕ ਨਹੀਂ ਸੀ। ਖਾਣਾ ਵਗੈਰਾ ਨਹੀਂ ਲੈ ਰਹੇ ਸਨ। ਭੈਣ ਜੀ ਕੈਲਾਸ਼ ਕੌਰ ਨੇ ਭਾਜੀ ਗੁਰਸ਼ਰਨ ਸਿੰਘ ਹੋਰਾਂ ਨਾਲ ਰੰਗਮੰਚ ਨੂੰ ਪੂਰੀ ਸ਼ਿੱਦਤ ਨਾਲ ਜੀਵਿਆ। ਚੇਤੰਨ ਸਮਾਜਿਕ ਕਾਰਕੁੰਨ ਵਜੋਂ ਤਾਂ ਉਮਰ ਵਿਚਰਦੇ ਰਹੇ। ਸਮਾਜਿਕ ਸਰੋਕਾਰਾਂ ਨਾਲ ਕਈ ਸਾਲਾਂ ਤੋਂ ਸਿਹਤ ਨਾਸਾਜ਼ ਹੋਣ ਦੇ ਬਾਵਜੂਦ ਨੇੜਿਓਂ ਜੁੜੇ ਰਹੇ। ਉਨ੍ਹਾਂ ਦਾ ਚਲੇ ਜਾਣਾ ਇਨਕਲਾਬੀ ਜਮਹੂਰੀ ਲਹਿਰ ਅਤੇ ਰੰਗਮੰਚ ਦੇ ਖੇਤਰ ਲਈ ਵੱਡਾ ਘਾਟਾ ਹੈ। ਇਨਕਲਾਬੀ ਕੇਂਦਰ, ਪੰਜਾਬ ਭੈਣ ਜੀ ਕੈਲਾਸ਼ ਕੌਰ ਦੀ ਜੀਵਨੀ ਮਾਣਮੱਤਾ ਜ਼ਿੰਦਗੀ ਉੱਤੇ ਮਾਣ ਮਹਿਸੂਸ ਕਰਦਾ ਹੋਇਆ ਪ੍ਰੀਵਾਰ ਨਾਲ ਦਿਲੀ ਹਮਦਰਦੀ ਦਾ ਪ੍ਰਗਟਾਵਾ ਕਰਦਾ ਹੈ।ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਅਤੇ ਸਮੁੱਚੀ ਟੀਮ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ


# ਧਰਤੀ ਨਾਲ ਟਕਰਾਉਣ ਵਾਲਾ ਹੈ ਸੋਲਰ ਤੂਫਾਨ, ਬਲੈਕਆਊਟ ਦਾ ਵੀ ਖਤਰਾ !

ਦਿੱਲੀ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ)-ਵਿਗਿਆਨੀਆਂ ਨੇ ਹਾਲ ਹੀ ਵਿਚ ਸੋਲਰ ਤੁਫਾਨ ਦੀ ਚਿਤਾਵਨੀ ਜਾਰੀ ਕੀਤੀ ਹੈ। ਵਿਗਿਆਨੀਆਂ ਦਾ ਮੰਨਣਾ ਹੈ ਕਿ ਇੱਕ ਵੱਡਾ ਸੋਲਰ ਤੁਫਾਨ (scientists warning ) ਧਰਤੀ ਨਾਲ ਟਕਰਾਉਣ ਵਾਲਾ ਹੈ। ਇਸ ਕਾਰਨ ਧਰਤੀ ਉਤੇ ਬਹੁਤ ਜ਼ਿਆਦਾ ਪ੍ਰਭਾਵ ਦੇਖਿਆ ਜਾ ਸਕਦਾ ਹੈ। ਤੁਫਾਨ ਨਾਲ ਇਲੈਕਟ੍ਰੋਨਿਕਸ ਉਪਕਰਣ ਜਿਵੇਂ ਕਿ ਮੋਬਾਈਲ, ਕੰਪਿਊਟਰ ਅਤੇ ਸੰਚਾਰ ਪ੍ਰਣਾਲੀ ਸਭ ਤੋਂ ਵੱਧ ਪ੍ਰਭਾਵਿਤ ਹੋ ਸਕਦੇ ਹਨ। ਦੱਸ ਦਈਏ ਕਿ ਭਾਰਤ ਸੂਰਜ ਦੀ ਮੈਪਿੰਗ ਅਤੇ ਅਤੇ ਲੱਦਾਖ ਤੋਂ ਭਾਰਤ ਉੱਤੇ ਸੂਰਜੀ ਗਤੀਵਿਧੀਆਂ ਦੀ ਨਿਗਰਾਨੀ ਕਰਦਾ ਹੈ। ਕੀ ਇਸ ਦਾ ਅਸਰ ਭਾਰਤ 'ਤੇ ਵੀ ਪਵੇਗਾ? ਇਹ ਜਾਣਨਾ ਜ਼ਰੂਰੀ ਹੈ। ਵਿਗਿਆਨੀਆਂ ਨੇ ਕਿਹਾ ਕਿ ਅਕਤੂਬਰ 2024 ਦੀ ਸ਼ੁਰੂਆਤ ਧਮਾਕੇਦਾਰ ਤਰੀਕੇ ਨਾਲ ਹੋਈ। ਸੂਰਜ ਦੀ ਸਤਹਾ ਤੋਂ ਦੋ ਵੱਡੇ ਸੂਰਜੀ ਫਲੇਅਰ ਫੁੱਟੇ। ਇਹਨਾਂ ਨੂੰ ਕੋਰੋਨਲ ਮਾਸ ਇਜੈਕਸ਼ਨ (CME) ਕਿਹਾ ਜਾਂਦਾ ਹੈ, ਜੋ ਸਿੱਧੇ ਧਰਤੀ ਵੱਲ ਵਧੇ ਹਨ। ਵਿਗਿਆਨੀਆਂ ਨੇ ਇਨ੍ਹਾਂ ਨੂੰ XG ਅਤੇ XI ਦਾ ਨਾਂ ਦਿੱਤਾ ਹੈ। ਇਹ ਸੋਲਰ ਫਲੇਅਰਜ਼ ਬਹੁਤ ਮਹੱਤਵਪੂਰਨ ਹਨ। XI ਫਲੇਅਰ ਪਿਛਲੇ ਸੱਤ ਸਾਲਾਂ ਵਿੱਚ ਸੂਰਜ ਤੋਂ ਫਟਣ ਵਾਲਾ ਸਭ ਤੋਂ ਸ਼ਕਤੀਸ਼ਾਲੀ ਫਲੇਅਰ ਹੈ। ਇਹ ਦੱਖਣੀ ਅਟਲਾਂਟਿਕ ਅਤੇ ਅਫਰੀਕਾ ਦੇ ਕੁਝ ਹਿੱਸਿਆਂ ਵਿੱਚ ਅਸਥਾਈ ਸੰਚਾਰ ਬਲੈਕਆਊਟ ਦਾ ਕਾਰਨ ਵੀ ਬਣ ਸਕਦਾ ਹੈ।



### ਪਹਿਲਾਂ ਸੌਰ ਤੂਫਾਨ/ਫਲੇਅਰਸ ਬਾਰੇ ਜਾਣ ਲਵੋ

ਸੌਰ ਤੂਫਾਨ ਸੂਰਜ ਦੁਆਰਾ ਸੂਰਜੀ ਸਿਸਟਮ ਵਿੱਚ ਸ਼ੁਰੂ ਕੀਤੇ ਕਣਾਂ, ਊਰਜਾ, ਚੁੰਬਕੀ ਖੇਤਰਾਂ ਅਤੇ ਪਦਾਰਥਾਂ ਦਾ ਅਚਾਨਕ ਵਿਸਫੋਟ ਹੈ। ਆਉਣ ਵਾਲਾ ਸੂਰਜੀ ਤੂਫਾਨ ਦੂਰਸੰਚਾਰ ਅਤੇ ਸੈਟੇਲਾਈਟਾਂ ਵਿਚ ਵਿਘਨ ਪਾ ਸਕਦਾ ਹੈ। ਭਾਰਤੀ ਵਿਗਿਆਨੀ ਇਸ 'ਤੇ ਨਜ਼ਰ ਰੱਖ ਰਹੇ ਹਨ। ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਦੇ ਮਾਹਿਰਾਂ ਨੇ ਕਿਹਾ ਹੈ ਕਿ ਉਨ੍ਹਾਂ ਨੇ ਭਾਰਤੀ ਉਪਗ੍ਰਹਿ ਸੰਚਾਲਕਾਂ ਨੂੰ ਸਾਰੀਆਂ ਸਾਵਧਾਨੀਆਂ ਵਰਤਣ ਲਈ ਕਿਹਾ ਹੈ। ਅਗਲੇ ਕੁਝ ਦਿਨ ਧਰਤੀ ਲਈ ਅਹਿਮ ਹਨ ਕਿਉਂਕਿ ਤੂਫਾਨ ਨੀਲੇ ਗ੍ਰਹਿ ਵੱਲ ਵਧ ਰਿਹਾ















# ਆਪਣੇ ਆਪ ਕੱਟ ਜਾਵੇਗੀ ਵਿਦੇਸ਼ ਤੋਂ ਆਉਣ ਵਾਲੀ ਫ਼ਰਜ਼ੀ ਫੋਨ ਕਾਲ, ਸਾਈਬਰ ਧੋਖਾਧੜੀ ਨੂੰ ਰੋਕਣ ਲਈ ਦੂਰਸੰਚਾਰ ਮੰਤਰਾਲੇ ਨੇ ਬਣਾਈ ਯੋਜਨਾ

ਨਵੀਂ ਦਿੱਲੀ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਡਿਜੀਟਲ ਗ੍ਰਿਫਤਾਰੀ ਅਤੇ ਫਿਰ ਕਸਟਮ, ਡਰੱਗਜ਼, ਸੈਕਸ ਰੈਕੇਟ ਦੇ ਨਾਂ 'ਤੇ ਧੋਖਾਧੜੀ। ਇਸ ਤਰ੍ਹਾਂ ਦੀ ਠੱਗੀ ਹਰ ਰੋਜ਼ ਸਾਹਮਣੇ ਆ ਰਹੀ ਹੈ। ਕਈ ਮਸ਼ਹੂਰ ਲੋਕ ਇਸ ਦਾ ਸ਼ਿਕਾਰ ਹੋ ਰਹੇ ਹਨ। ਹਾਲ ਹੀ ਵਿੱਚ ਸਾਈਬਰ ਅਪਰਾਧੀਆਂ ਨੇ ਟੈਕਸਟਾਈਲ ਸੈਕਟਰ ਦੀ ਇੱਕ ਨਾਮੀ ਕੰਪਨੀ ਦੇ ਮਾਲਕ ਨਾਲ 7 ਕਰੋੜ ਰੁਪਏ ਦੀ ਠੱਗੀ ਮਾਰੀ ਹੈ।ਸੰਚਾਰ ਮੰਤਰਾਲਾ ਵਿਦੇਸ਼ਾਂ 'ਚ ਬੈਠੇ ਇਨ੍ਹਾਂ ਅਪਰਾਧੀਆਂ ਦੀ ਸਾਜ਼ਿਸ਼ ਨੂੰ ਪੂਰੀ ਤਰ੍ਹਾਂ ਨਾਲ ਨਾਕਾਮ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ਅਤੇ ਅਜਿਹਾ ਸਿਸਟਮ ਤਿਆਰ ਕੀਤਾ ਜਾ ਰਿਹਾ ਹੈ ਤਾਂ ਜੋ ਵਿਦੇਸ਼ਾਂ ਤੋਂ ਕੀਤੀਆਂ ਜਾ ਰਹੀਆਂ ਅਜਿਹੀਆਂ ਫ਼ਰਜ਼ੀ ਕਾਲਾਂ ਦੇਸ਼ ਦੇ ਖਪਤਕਾਰਾਂ ਤੱਕ ਨਾ ਪਹੁੰਚ ਸਕਣ। ਇਨ੍ਹੀਂ ਦਿਨੀਂ ਸਾਈਬਰ ਧੋਖਾਧੜੀ ਜਾਂ ਅਪਰਾਧ ਲਈ ਵਿਦੇਸ਼ਾਂ ਤੋਂ ਰੋਜ਼ਾਨਾ ਇੱਕ ਕਰੋੜ ਤੋਂ ਵੱਧ ਕਾਲਾਂ ਆ ਰਹੀਆਂ ਹਨ।ਹਰ ਰੋਜ਼ 45 ਲੱਖ ਕਾਲਾਂ ਅਸਫਲ ਹੁੰਦੀਆਂ ਹਨ

ਟੈਲੀਕਾਮ ਕੰਪਨੀਆਂ ਦੀ ਮਦਦ ਨਾਲ ਇਨ੍ਹਾਂ 'ਚੋਂ 45 ਲੱਖ ਕਾਲਾਂ ਨੂੰ ਹਰ ਰੋਜ਼ ਨਾਕਾਮ ਕੀਤਾ ਜਾਂਦਾ ਹੈ। ਵਿਭਾਗ ਦਾ ਕਹਿਣਾ ਹੈ ਕਿ ਜਲਦੀ ਹੀ ਅਜਿਹਾ ਕੇਂਦਰੀਕ੍ਰਿਤ ਸਿਸਟਮ ਲਾਗੂ ਕੀਤਾ ਜਾਵੇਗਾ ਜਿਸ ਦੀ ਮਦਦ ਨਾਲ ਵਿਦੇਸ਼ਾਂ ਤੋਂ ਸਾਈਬਰ ਕਰਾਈਮ ਦੀਆਂ ਕਾਲਾਂ ਨੂੰ ਪੂਰੀ ਤਰ੍ਹਾਂ ਨਾਲ ਠੱਲ੍ਹ ਪਾਈ ਜਾ ਸਕੇਗੀ। ਸਾਈਬਰ ਅਪਰਾਧੀ ਆਪਣੀ ਅਸਲ ਪਛਾਣ ਛੁਪਾਉਣ ਲਈ ਕਾਲਿੰਗ ਲਾਈਨ ਆਈਡੈਂਟਿਟੀ (ਸੀ.ਐਲ.ਆਈ.) ਦੀ ਵਰਤੋਂ ਕਰ ਰਹੇ ਹਨ। ਭਾਰਤ ਵਿੱਚ 120 ਕਰੋੜ ਤੋਂ ਵੱਧ ਲੋਕ ਮੋਬਾਈਲ ਫ਼ੋਨ ਦੀ ਵਰਤੋਂ ਕਰਦੇ ਹਨ ਅਤੇ 95 ਕਰੋੜ ਲੋਕ ਇੰਟਰਨੈੱਟ ਦੀ ਵਰਤੋਂ ਕਰਦੇ ਹਨ। ਸੰਚਾਰ ਵਿਭਾਗ ਦੇ ਅਨੁਸਾਰ, ਸਾਈਬਰ ਅਪਰਾਧ ਨੂੰ ਰੋਕਣ ਲਈ ਡਿਜੀਟਲ ਇੰਟੈਲੀਜੈਂਸ ਪਲੇਟਫਾਰਮ (ਡੀਆਈਪੀ) ਹਾਲ ਹੀ ਵਿੱਚ ਲਾਂਚ ਕੀਤਾ ਗਿਆ ਹੈ, ਤਾਂ ਜੋ ਸਾਈਬਰ ਅਪਰਾਧ ਅਤੇ ਵਿੱਤੀ ਧੋਖਾਧੜੀ ਲਈ ਦੂਰਸੰਚਾਰ ਸਰੋਤਾਂ ਦੀ ਵਰਤੋਂ ਨੂੰ ਰੋਕਿਆ ਜਾ ਸਕੇ।




## ਕਿਵੇਂ ਕੰਮ ਕਰੇਗਾ ਪਲੇਟਫਾਰਮ ?

ਇਸ ਪਲੇਟਫਾਰਮ 'ਤੇ ਸਾਰੀਆਂ ਦੂਰਸੰਚਾਰ ਕੰਪਨੀਆਂ, ਗ੍ਰਹਿ ਮੰਤਰਾਲੇ, 460 ਬੈਂਕਾਂ ਅਤੇ ਵਿੱਤੀ ਸੰਸਥਾਵਾਂ, ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀ ਪੁਲਿਸ ਅਤੇ ਵੱਖ-ਵੱਖ ਕੇਂਦਰੀ ਏਜੰਸੀਆਂ ਨੂੰ ਇਕੱਠਾ ਕੀਤਾ ਗਿਆ ਹੈ, ਤਾਂ ਜੋ ਸਾਈਬਰ ਧੋਖਾਧੜੀ ਦੀ ਰਿਪੋਰਟਿੰਗ 'ਤੇ ਅਸਲ-ਸਮੇਂ 'ਤੇ ਕਾਰਵਾਈ ਕੀਤੀ ਜਾ ਸਕੇ ਅਤੇ ਕੋਈ ਵੀ ਹੋਵੇ। ਜੇਕਰ ਕੋਈ ਮੋਬਾਈਲ ਫ਼ੋਨ ਨੰਬਰ ਸ਼ੱਕੀ ਪਾਇਆ ਜਾਂਦਾ ਹੈ ਜਾਂ ਉਸ ਦਾ ਕੁਨੈਕਸ਼ਨ ਕੱਟਿਆ ਜਾਂਦਾ ਹੈ, ਤਾਂ ਦੇਸ਼ ਭਰ ਵਿੱਚ ਇਸ ਬਾਰੇ ਚਿਤਾਵਨੀ ਦਿੱਤੀ ਜਾ ਸਕਦੀ ਹੈ।

ਇਸ ਪਲੇਟਫਾਰਮ 'ਤੇ ਦੇਸ਼ ਭਰ ਦੇ ਮੋਬਾਈਲ ਨੰਬਰਾਂ ਦੀ ਜਾਣਕਾਰੀ ਵੀ ਸਾਂਝੀ ਕੀਤੀ ਜਾਂਦੀ ਹੈ, ਜਿਨ੍ਹਾਂ ਨੂੰ ਸੇਵਾ ਤੋਂ ਹਟਾਇਆ ਜਾ ਰਿਹਾ ਹੈ। ਵਿਭਾਗ ਦਾ ਕਹਿਣਾ ਹੈ ਕਿ ਫ਼ਰਜ਼ੀ ਦਸਤਾਵੇਜ਼ਾਂ ਦੇ ਆਧਾਰ 'ਤੇ ਮੋਬਾਈਲ ਕੁਨੈਕਸ਼ਨ ਲੈਣ ਵਾਲਿਆਂ ਨੂੰ ਫੜਨ ਲਈ ਸੰਚਾਰ ਵਿਭਾਗ ਵੱਲੋਂ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕੀਤੀ ਜਾ ਰਹੀ ਹੈ। ਵਿਭਾਗ ਦੇ ਅਨੁਸਾਰ, ਖਪਤਕਾਰਾਂ ਨੂੰ ਸਾਈਬਰ ਅਪਰਾਧ ਨੂੰ ਰੋਕਣ ਲਈ ਵੀ ਸਰਗਰਮ ਭੂਮਿਕਾ ਨਿਭਾਉਣ ਦੀ ਜ਼ਰੂਰਤ ਹੈ ਅਤੇ ਉਹ ਸੰਚਾਰ ਸਾਥੀ ਪੋਰਟਲ 'ਤੇ ਕਿਸੇ ਵੀ ਸ਼ੱਕੀ ਕਾਲ ਜਾਂ ਐੱਸਐੱਮਐੱਸ ਦੀ ਰਿਪੋਰਟ ਕਰ ਸਕਦੇ ਹਨ। ਉਪਭੋਗਤਾ ਇੱਥੇ ਮੋਬਾਈਲ ਫੋਨ ਚੋਰੀ, ਸਿਮ ਅਤੇ ਹੋਰ ਸਾਰੀਆਂ ਟੈਲੀਕਾਮ ਸੇਵਾਵਾਂ ਨਾਲ ਸਬੰਧਤ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ।

# SSP ਵੱਲੋਂ ਦੋ ਥਾਣੇਦਾਰਾਂ ਤੇ DSP ਸਣੇ 24 ਪੁਲਿਸ ਮੁਲਾਜ਼ਮ ਸਸਪੈਂਡ, ਸਾਰਾ ਥਾਣਾ ਹੋਇਆ ਖਾਲੀ



ਰਾਜਸਥਾਨ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਰਾਜਸਥਾਨ ਦੇ ਫਲੋਦੀ ਵਿੱਚ ਬਲਾਤਕਾਰ ਦੇ ਮੁਲਾਜ਼ਮ ਨੇ ਥਾਣੇ ਦੇ ਅੰਦਰ ਖ਼ੁਦਕੁਸ਼ੀ ਕਰ ਲਈ, ਜਦੋਂ ਇਹ ਮਾਮਲਾ ਅਧਿਕਾਰੀਆਂ ਤੱਕ ਪਹੁੰਚਿਆ ਤਾਂ ਹੜਕੰਪ ਮਚ ਗਿਆ। ਥਾਣੇ ਵਿਚ ਇੰਨੀ ਗਿਣਤੀ ਵਿਚ ਪੁਲਿਸ ਕਰਮਚਾਰੀਆਂ ਦੀ ਮੌਜੂਦਗੀ ਦੇ ਬਾਵਜੂਦ ਮੁਲਜ਼ਮ ਨੇ ਪਰਨੇ ਨਾਲ ਫਾਹਾ ਲੈ ਲਿਆ, ਇਹ ਮਾਮਲਾ ਸਾਹਮਣੇ ਆਉਂਦੇ ਹੀ ਹੰਗਾਮਾ ਹੋ ਗਿਆ। ਸੂਚਨਾ ਮਿਲਦੇ ਹੀ ਫਲੋਦੀ ਦੀ ਐਸਪੀ ਪੂਜਾ ਅਵਾਨਾ ਵੀ ਥਾਣੇ ਪਹੁੰਚ ਗਈ ਅਤੇ ਅਜਿਹੀ ਕਾਰਵਾਈ ਕੀਤੀ ਕਿ ਪੂਰਾ ਥਾਣਾ ਖਾਲੀ ਹੋ ਗਿਆ।

ਐਸਪੀ ਪੂਜਾ ਅਵਾਨਾ ਨੇ ਦੇਚੂੰ ਥਾਣੇ ਵਿੱਚ ਤਾਇਨਾਤ ਸਾਰੇ 24 ਪੁਲਿਸ ਮੁਲਾਜ਼ਮਾਂ ਨੂੰ ਸਸਪੈਂਡ ਕਰ ਦਿੱਤਾ। ਸਾਰਾ ਥਾਣਾ ਖਾਲੀ ਹੋ ਗਿਆ। ਹੁਣ ਸਾਰੇ ਸਟਾਫ਼ ਦੀ ਥਾਂ ਹੋਰ ਸਟਾਫ਼ ਲਾਇਆ ਜਾਵੇਗਾ। ਇਸ ਮਾਮਲੇ ਨੂੰ ਲੈ ਕੇ ਨਾ ਸਿਰਫ਼ ਪੁਲਿਸ ਵਾਲਿਆਂ ਨੂੰ ਦੋਸ਼ੀ ਠਹਿਰਾਇਆ ਗਿਆ, ਸਗੋਂ ਐਸਪੀ ਨੇ ਡੀਐਸਪੀ ਨੂੰ ਵੀ ਨਹੀਂ ਬਖਸ਼ਿਆ। ਜਾਂਚ ਵਿੱਚ ਲਾਪ੍ਰਵਾਹੀ ਕਾਰਨ ਡੀਐਸਪੀ ਨੂੰ ਵੀ ਮੁਅੱਤਲ ਕਰ ਦਿੱਤਾ ਗਿਆ ਸੀ।

## ਇਸ ਮਾਮਲੇ ਵਿੱਚ ਕਾਰਵਾਈ ਕੀਤੀ ਹੈ

3 ਅਕਤੂਬਰ ਨੂੰ ਦੇਚੂੰ ਥਾਣੇ 'ਚ ਬਲਾਤਕਾਰ ਦੇ ਦੋਸ਼ੀ ਨੇ ਖ਼ੁਦਕੁਸ਼ੀ ਕਰ ਲਈ ਸੀ। ਪੁਲਿਸ ਨੇ ਮੁਲਜ਼ਮ ਨੂੰ ਲਾਕਅੱਪ ਵਿੱਚ ਰੱਖਣ ਦੀ ਬਜਾਏ ਕੰਪਿਊਟਰ ਰੂਮ ਵਿੱਚ ਹੀ ਰੱਖਿਆ ਹੋਇਆ ਸੀ। ਉੱਥੇ ਮੌਕਾ ਮਿਲਦੇ ਹੀ ਦੋਸ਼ੀ ਨੇ ਖਿੜਕੀ ਨਾਲ ਫਾਹਾ ਲੈ ਲਿਆ। ਇਸ ਤੋਂ ਬਾਅਦ ਮੁਲਜ਼ਮ ਦੇ ਪਰਿਵਾਰਕ ਮੈਂਬਰਾਂ ਨੇ ਲਾਸ਼ ਲੈਣ ਤੋਂ ਇਨਕਾਰ ਕਰ ਦਿੱਤਾ ਅਤੇ ਮੁਆਵਜ਼ੇ ਅਤੇ ਪੁਲਿਸ ਮੁਲਾਜ਼ਮਾਂ ਖ਼ਿਲਾਫ਼ ਕਾਰਵਾਈ ਦੀ ਮੰਗ ਕਰਨੀ ਸ਼ੁਰੂ ਕਰ ਦਿੱਤੀ। ਇਸ ਤਹਿਤ ਆਈ.ਪੀ.ਐਸ ਨੇ ਕਾਰਵਾਈ ਕਰਦੇ ਹੋਏ ਪੂਰੇ ਥਾਣੇ ਦੇ ਸਟਾਫ ਨੂੰ ਲਾਈਨ ਵਿਚ ਲਗਾ ਦਿੱਤਾ।

## ਜ਼ਰੂਰੀ ਸੂਚਨਾਂ

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਆਪਣਾ ਰੋਜ਼ਾਨਾ ਅਖ਼ਬਾਰ ਸ਼ੁਰੂ ਕੀਤਾ ਗਿਆ ਹੈ,ਜਿਸ ਦਾ ਨਾਮ 'ਵਿਸਵ ਪੰਜਾਬੀ ਸਾਂਝ'ਰੱਖਿਆ ਗਿਆ ਹੈ। ਤੁਸੀ ਆਪਣੀਆਂ ਰਚਨਾਵਾਂ/ਕਹਾਣੀ/ ਲੇਖ ਜਾਂ ਸਾਹਿਤਕ ਕਿਰਤ ਛੱਪਣ ਲਈ ਭੇਜ ਸਕਦੇ ਹੋ।

ਲਿਖਤਾਂ ਭੇਜਣ ਲਈ ਈਮੇਲ ਪਤਾ
vishavPunjabisanjh@gmail.com

ਲੇਖਕ ਆਪਣਾ ਨਾਮ ਫੋਨ ਨੰਬਰ ਅਤੇ ਫੋਟੋ ਵੀ ਜਰੂਰ ਭੇਜਣ ਦੀ ਕ੍ਰਿਪਾਲਤਾ ਕਰੋਂ

ਨੋਟ : ਅਖ਼ਬਾਰ ਵਿੱਚ ਭੇਜੀਆ ਰਚਨਾਵਾਂ ਜਾਂ ਸਮੱਗਰੀ ਸਾਹਿਤਕ ਅਤੇ ਸੱਭਿਅਕ ਹੋਵੇ ਸਮਾਜ ਨੂੰ ਸੇਧ ਦੇਣ ਵਾਲੀ ਹੋਵੇ।

ਅਖ਼ਬਾਰ ਵਿੱਚ ਸ਼ਾਮਿਲ ਲਿਖਤਾਂ ਤੇ ਵਿਚਾਰਾਂ ਲਈ ਲੇਖਕ ਖੁਦ ਜ਼ਿੰਮੇਵਾਰ ਹੈ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ

## ਲੱਤ ਬਾਂਹ ਨਵੀਂ ਲਗਾਉ ਫ੍ਰੀ

ਜੇ ਕਿਸੇ ਵੀਰ ਦੀ ਲੱਤ ਜਾਂ ਬਾਂਹ ਕੱਟੀ ਹੋਵੇ ਜੇ ਕਿਸੇ ਵੀਰ ਨੇ ਲੱਤ ਜਾਂ ਬਾਂਹ ਨਵੀਂ ਲਗਵਾਉਣੀ ਹੋਵੇ ਤਾਂ 14 ਨਵੰਬਰ ਨੂੰ ਚੰਡੀਗੜ੍ਹ ਵਿਖੇ ਕੈਪ ਲੱਗੇਗਾ, ਜਿਸ ਵਿੱਚ ਅਮਰੀਕਾ ਤੋਂ ਡਾਕਟਰ ਆਉਣਗੇ , ਫ੍ਰੀ ਇਲਾਜ਼ ਹੋਵੇਗਾ। ਲੱਤ ਬਾਂਹ ਕੰਮ ਵੀ ਕਰੇਗੀ। ਆਉਣ ਜਾਣ ਦਾ ਵੀ ਕੋਈ ਕਿਰਾਇਆ ਨਹੀਂ ਲੱਗੇਗਾ

ਸੰਪਰਕ : 89291-78851, 87279- 73060, 6239-24719

ਇਸ ਪੋਸਟ ਨੂੰ ਵੱਧ ਤੋਂ ਵੱਧ ਸ਼ੇਅਰ ਕਰੋਂ ਤਾਂ ਜੋ ਕਿਸੇ ਦਾ ਭਲਾ ਹੋ ਸਕੇ।









# ਸਰਨਾ ਨੂੰ ਅਕਾਲ ਤਖ਼ਤ 'ਤੇ ਤਲਬ ਕੀਤਾ ਜਾਵੇ: ਕਾਲਕਾ

ਨਵੀਂ ਦਿੱਲੀ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਅਪੀਲ ਕੀਤੀ ਅਕਾਲੀ ਦਲ ਦੇ ਆਗੂ ਪਰਮਜੀਤ ਸਿੰਘ ਸਰਨਾ ਨੂੰ ਅਕਾਲ ਤਖ਼ਤ ਸਾਹਿਬ 'ਤੇ ਤਲਬ ਕੀਤਾ ਕਿਉਂਕਿ ਉਨ੍ਹਾਂ ਨੇ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਵੱਖਰੀ ਤਾਰੀਕ ਨੂੰ ਮਨਾਉਣ ਦੇ ਯਤਨ ਕਰਕੇ ਸੰਗਤਾਂ 'ਚ ਦੁਬਿਧਾ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਹੈ ਅੱਜ ਇਥੇ ਪ੍ਰੈੱਸ ਕਾਨਫਰੰਸ 'ਚ ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਸਾਲ 2002 ਤੋਂ 2012-13 ਤੱਕ ਜਦੋਂ ਤੱਕ ਸਰਨਾ ਦਿੱਲੀ ਕਮੇਟੀ ਦੇ ਪ੍ਰਧਾਨ ਰਹੇ, ਉਹ ਦਿੱਲੀ ਦੀ ਸੰਗਤ ਨੂੰ ਗੁੰਮਰਾਹ ਕਰਦੇ ਰਹੇ ਅਤੇ ਦੋ ਦੋ ਸੰਗਰਾਂਦਾਂ ਤੇ ਦੋ-ਦੋ ਗੁਰਪੁਰਬ ਮਨਾਉਂਦੇ ਰਹੇ, ਜੋ ਸ੍ਰੀ ਅਕਾਲ ਤਖ਼ਤ ਦੇ ਹੁਕਮਾਂ ਦੀ ਕਥਿਤ ਉਲੰਘਣਾ ਹੈ। ਦੋਵਾਂ ਆਗੂਆਂ ਨੇ ਕਿਹਾ, "ਅਕਾਲੀ ਦਲ ਵਿੱਚ ਸ਼ਾਮਲ ਹੋਣ ਦੇ ਬਾਵਜੂਦ ਅੱਜ ਵੀ ਸਰਨਾ ਸ੍ਰੀ ਅਕਾਲ ਤਖਤ ਸਾਹਿਬ ਦੇ ਉਲਟ ਗੱਲਾਂ ਕਰ ਰਹੇ ਹਨ। ਅਕਾਲ ਤਖਤ ਸਾਹਿਬ ਦੇ ਹੁਕਮਾਂ ਮੁਤਾਬਕ ਗੁਰੂ ਰਾਮਦਾਸ ਜੀ



ਦਾ ਪ੍ਰਕਾਸ਼ ਪੁਰਬ 19 ਅਕਤੂਬਰ ਨੂੰ ਮਨਾਇਆ ਜਾਣਾ ਹੈ ਪਰ ਇਸ ਦੇ ਉਲਟ ਸਰਨਾ ਨੇ ਕਥਿਤ ਤੌਰ 'ਤੇ 9 ਅਕਤੂਬਰ ਦੀ ਤਰੀਕ ਪਾਕਿਸਤਾਨ ਕਮੇਟੀ ਵੱਲੋਂ ਗੁਰਪੁਰਬ ਮਨਾਉਣ ਲਈ ਤੈਅ ਕਰਵਾ ਦਿੱਤੀ ਹੈ।" ਉਨ੍ਹਾਂ ਆਖਿਆ ਕਿ ਪਹਿਲਾਂ ਅਸੀਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਚਿੱਠੀ ਲਿਖੀ ਸੀ। ਹੁਣ ਮੀਡੀਆ ਰਾਹੀਂ ਅਪੀਲ ਕਰਦੇ ਹਾਂ ਕਿ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੇ ਉਲਟ ਚੱਲਣ ਵਾਲਿਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ। ਸਰਨਾ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕਰ ਕੇ ਪੁੱਛਿਆ ਜਾਵੇ ਕਿ ਉਹ ਅਕਾਲੀ ਦਲ ਦੇ ਲੈਟਰਹੈੱਡ 'ਤੇ ਅਜਿਹੀਆਂ ਚਿੱਠੀਆਂ ਲਿਖ ਕਿਉਂ ਲਿਖ ਰਹੇ ਹਨ ਤੇ ਸੰਗਤ ਨੂੰ ਦੁਬਿਧਾ 'ਚ ਕਿਉਂ ਪਾ ਰਹੇ ਹਨ।"

## ਪਰਮਜੀਤ ਸਰਨਾ ਨੇ ਸੰਗਤ ਤੋਂ ਮੁਆਫ਼ੀ ਮੰਗੀ

ਸ਼੍ਰੋਮਣੀ ਅਕਾਲੀ ਦਲ ਦੇ ਦਿੱਲੀ ਪ੍ਰਦੇਸ਼ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਫੇਸਬੁੱਕ 'ਤੇ ਵੀਡੀਓ ਜਾਰੀ ਕਰਕੇ ਪਾਕਿਸਤਾਨ ਜਾਣ ਲਈ ਵੀਜ਼ੇ ਹਾਸਲ ਕਰਨ ਸਬੰਧੀ ਆਈ ਸਮੱਸਿਆ ਬਾਰੇ ਸੰਗਤਾਂ ਨੂੰ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਸੰਗਤ ਨੂੰ ਹੋਈ ਪ੍ਰੇਸ਼ਾਨੀ ਦਾ ਉਨ੍ਹਾਂ ਨੂੰ ਅਫਸੋਸ ਹੈ। ਸਰਨਾ ਕਿਹਾ ਕਿ ਕਿਹਾ ਕਿ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਾਕਿਸਤਾਨ ਯਾਤਰਾ ਲਈ ਵੀਜ਼ੇ ਨਾ ਮਿਲਣ ਕਾਰਨ ਹੋਈ ਅਸੁਵਿਧਾ ਲਈ ਸੰਗਤਾਂ ਤੋਂ ਮੁਆਫ਼ੀ ਮੰਗਦੇ ਹਨ। ਉਨ੍ਹਾਂ ਨੇ ਵੀਡੀਓ ਸੁਨੇਹੇ 'ਚ ਆਖਿਆ ਕਿ ਵੀਜ਼ੇ ਲਵਾਉਣ ਲਈ ਸੰਗਤ ਤੋਂ ਇਕੱਤਰ ਕੀਤੇ ਪੈਸੇ ਵੀ ਵਾਪਸ ਕੀਤੇ ਜਾਣਗੇ।

# ਗੁਰੂ ਤੇਗ ਬਹਾਦਰ ਦੇ 350ਵੇਂ ਸ਼ਹੀਦੀ ਵਰ੍ਹੇ ਨੂੰ ਸਮਰਪਿਤ 350 ਜੰਗਲ ਵਿਕਸਤ ਕਰਨ ਦਾ ਐਲਾਨ



ਨਵੀਂ ਦਿੱਲੀ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਇੱਥੇ 2025 ਵਿੱਚ ਸ੍ਰੀ ਗੁਰੂ ਤੇਗ ਬਹਾਦਰ ਦੇ 350ਵੇਂ ਸ਼ਹੀਦੀ ਵਰ੍ਹੇ ਨੂੰ ਮਨਾਉਣ ਲਈ ਪੰਜਾਬ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਈਕੋ ਨੇਚਰ ਪਾਰਕ ਪ੍ਰੋਗਰਾਮ ਤਹਿਤ 350 ਜੰਗਲਾਂ ਦਾ ਵਿਕਾਸ ਕੀਤਾ ਜਾਵੇਗਾ। ਇਹ ਐਲਾਨ ਪੰਜਾਬ ਤੋਂ ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਵਾਸ਼ਿੰਗਟਨ, ਅਮਰੀਕਾ ਦੇ ਡਾ. ਰਾਜਵੰਤ ਸਿੰਘ ਵੱਲੋਂ ਸਥਾਪਿਤ ਈਕੋ ਸਿੱਖ ਦੇ 15 ਸਾਲ ਪੂਰੇ ਹੋਣ ਦੇ ਮੌਕੇ 'ਤੇ ਬੋਲਦਿਆਂ ਕੀਤਾ। ਈਕੋ ਸਿੱਖ ਨੇ ਗੁਰੂ ਨਾਨਕ ਦੇਵ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ 100 ਤੋਂ ਵੱਧ ਜੰਗਲ ਲਗਾਏ ਸਨ। ਡਾ. ਸਾਹਨੀ ਨੇ ਕਿਹਾ ਕਿ ਪੰਜਾਬ ਦਾ ਏਕਿਊਆਈ ਪੱਧਰ ਵਿਸ਼ਵ ਸਿਹਤ ਸੰਗਠਨ ਦੇ ਨਿਰਧਾਰਿਤ ਪੱਧਰ ਨਾਲੋਂ ਦੁੱਗਣਾ ਹੈ। ਇਹ ਸਮਾਗਮ ਦਿੱਲੀ ਦੇ ਇੰਡੀਆ ਹੈਬੀਟੇਟ ਸੈਂਟਰ ਵਿੱਚ ਕਰਵਾਇਆ ਗਿਆ।




## ਟਰੂਡੋ ਵੱਲੋਂ ਕੈਨੇਡੀਅਨ ਨਾਗਰਿਕਾਂ ਨੂੰ ਫੌਰੀ ਲਿਬਨਾਨ ਛੱਡਣ ਦੀ ਅਪੀਲ


ਪੈਰਿਸ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕੈਨੇਡੀਅਨ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਤੁਰੰਤ ਲਿਬਨਾਨ ਛੱਡ ਦੇਣ। ਲਿਬਨਾਨ 'ਚ ਜੰਗ ਦੇ ਹਾਲਾਤ ਬਣਨ ਮਗਰੋਂ ਹੁਣ ਤੱਕ ਇਕ ਹਜ਼ਾਰ ਤੋਂ ਵੱਧ ਕੈਨੇਡੀਅਨਾਂ ਨੂੰ ਵਿਸ਼ੇਸ਼ ਉਡਾਣਾਂ ਰਾਹੀਂ ਵਤਨ ਲਿਆਂਦਾ ਜਾ ਚੁੱਕਿਆ ਹੈ। ਟਰੂਡੋ ਨੇ ਕਿਹਾ ਕਿ ਹਿਜ਼ਬੁੱਲਾ ਅਤੇ ਇਜ਼ਰਾਈਲ ਨੂੰ ਤੁਰੰਤ ਗੋਲੀਬੰਦੀ ਕਰਨੀ ਚਾਹੀਦੀ ਹੈ ਤਾਂ ਜੋ ਹਾਲਾਤ ਨੂੰ ਸਥਿਰ ਬਣਾਇਆ ਜਾ ਸਕੇ। ਉਨ੍ਹੋ ਕਿਹਾ ਕਿ ਸੰਯੁਕਤ ਰਾਸ਼ਟਰ ਦੇ ਮਤਿਆਂ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ। ਉਧਰ ਬਰਤਾਨੀਆ ਨੇ ਕਿਹਾ ਕਿ ਉਹ ਐਤਵਾਰ ਨੂੰ ਲਿਬਨਾਨ ਲਈ ਆਖਰੀ ਵਿਸ਼ੇਸ਼ ਉਡਾਣ ਭੇਜੇਗਾ। ਬਰਤਾਨੀਆ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਕਿਹਾ ਕਿ ਲਿਬਨਾਨ 'ਚ ਰੁਕੇ ਬ੍ਰਿਟਿਸ਼ ਨਾਗਰਿਕ ਇਸ ਉਡਾਣ ਰਾਹੀਂ ਮੁਲਕ ਪਰਤ ਸਕਦੇ ਹਨ। ਟਰੂਡੋ ਦੇ ਦਫ਼ਤਰ ਦੇ ਅਧਿਕਾਰੀ ਨੇ ਕਿਹਾ ਕਿ ਸੋਮਵਾਰ ਅਤੇ ਮੰਗਲਵਾਰ ਨੂੰ ਹੋਰ ਉਡਾਣਾਂ ਲਿਬਨਾਨ ਭੇਜੀਆਂ ਜਾਣਗੀਆਂ ਕਿਉਂਕਿ ਛੇ ਹਜ਼ਾਰ ਕੈਨੇਡੀਅਨਾਂ ਨੇ ਮੁਲਕ ਛੱਡਣ ਦੀ ਅਪੀਲ ਕੀਤੀ ਹੈ। ਮੁਲਕ ਵੱਲੋਂ ਇਕ-ਦੋ ਦਿਨਾਂ 'ਚ 2500 ਨਾਗਰਿਕਾਂ ਕੋਲ ਪਹੁੰਚ ਯਕੀਨੀ ਬਣਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।

# ਪ੍ਰਿੰਸੀਪਲ ਸਤਿਬੀਰ ਸਿੰਘ ਦਾ 'ਵਿਦਾਇਗੀ ਸਮਾਰੋਹ' ਯਾਦਗਾਰੀ ਹੋ ਨਿਬੜਿਆ



## ਸਕੂਲ ਪ੍ਰਬੰਧਕਾ ਅਤੇ ਸਟਾਫ ਵੱਲੋਂ ਦਿੱਤੀ ਗਈ ਨਿੱਘੀ ਵਿਦਾਇਗੀ

ਨਵੀਂ ਦਿੱਲੀ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਸਿੱਧ ਸਿੱਖਿਆ ਸੰਸਥਾ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਲੋਨੀ ਰੋਡ ਸ਼ਾਹਦਰਾ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਿੰਸੀਪਲ ਸਤਿਬੀਰ ਸਿੰਘ ਦਾ ਵਿਦਾਇਗੀ ਸਮਾਰੋਹ ਯਾਦਗਾਰੀ ਹੋ ਨਿਬੜਿਆ।
ਪ੍ਰੋਗਰਾਮ ਦੀ ਆਰੰਭਤਾ ਸਕੂਲ ਦੀ ਰਵਾਇਤ ਅਨੁਸਾਰ ਗੁਰਬਾਣੀ ਸ਼ਬਦ ਰਾਹੀ ਕੀਤੀ ਗਈ। ਉਪਰੰਤ ਸਕੂਲ ਚੇਅਰਮੈਨ ਸ.ਪਰਵਿੰਦਰ ਸਿੰਘ ਲੱਕੀ, ਸੀਨੀਅਰ ਵਾਈਸ ਚੇਅਰਮੈਨ ਸ.ਦਲਵਿੰਦਰ ਸਿੰਘ, ਸਕੂਲ ਮੈਨੇਜਮੈਂਟ ਕਮੇਟੀ ਦੇ ਅਹੁਦੇਦਾਰਾਂ ਦੇ ਨਾਲ-ਨਾਲ ਸਕੂਲ ਦੀ ਵਾਇਸ ਪ੍ਰਿੰਸੀਪਲ ਮੈਡਮ ਸਤਨਾਮ ਕੌਰ ਵੱਲੋਂ ਉਹਨਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਜੀ ਆਇਆ ਆਖਿਆ ਗਿਆ। ਇਸ ਮੌਕੇ 'ਤੇ ਗੁਰੂ ਰਾਮਦਾਸ ਕਾਲਜ ਆਫ ਐਜੂਕੇਸ਼ਨ ਦੀ ਪ੍ਰਿੰਸੀਪਲ ਡਾ.ਨੀਰਜ ਪ੍ਰਿਆ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜਰੀ ਭਰੀ। ਸਕੂਲ ਪ੍ਰਬੰਧਕਾ ਵੱਲੋਂ ਪ੍ਰਿੰਸੀਪਲ ਸਤਿਬੀਰ ਸਿੰਘ ਨੂੰ ਸੰਸਥਾ ਦਾ ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਦੇ ਪ੍ਰਾਇਮਰੀ, ਮਿਡਲ, ਸੀਨੀਅਰ ਅਤੇ ਸੀਨੀਅਰ ਸੈਕੰਡਰੀ ਵਿੰਗ ਤੇ ਦਫਤਰੀ ਅਮਲੇ ਵੱਲੋਂ ਵੀ ਉਹਨਾਂ ਨੂੰ ਤੋਹਫੇ ਭੇਟ ਕੀਤੇ ਗਏ। ਸਕੂਲ ਦੇ ਚੇਅਰਮੈਨ ਸ.ਪਰਵਿੰਦਰ ਲੱਕੀ ਨੇ ਸਟਾਫ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪ੍ਰਿੰਸੀਪਲ ਸਾਹਿਬ ਵੱਲੋਂ ਪਿਛਲੇ ਪੰਜ ਸਾਲਾਂ ਤੋਂ ਸਕੂਲ ਦੀ ਤਰੱਕੀ ਅਤੇ ਵਿਦਿਆਰਥੀਆਂ ਦੇ ਚਹੁਮੁਖੀ ਵਿਕਾਸ ਲਈ ਸਲਾਘਾਯੋਗ ਕਾਰਜ ਕੀਤੇ ਹਨ। ਉਹਨਾਂ ਵੱਲੋਂ ਖਾਸ ਤੌਰ ਤੇ ਮਾਂ - ਬੋਲੀ ਪੰਜਾਬੀ ਅਤੇ ਸਿੱਖ ਰਵਾਇਤਾਂ ਉੱਤੇ ਪਹਿਰਾ ਦਿੰਦੇ ਹੋਏ ਪੂਰੀ ਤਨਦੇਹੀ ਨਾਲ ਭਾਸ਼ਾ ਦਾ ਪ੍ਰਚਾਰ ਕੀਤਾ ਗਿਆ ਜੋ ਕਾਬਿਲੇ ਤਾਰੀਫ ਹੈ। ਸਕੂਲ ਨੂੰ ਦਿੱਤੀਆਂ ਗਈਆਂ ਸੇਵਾਵਾਂ ਲਈ ਉਹਨਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਹਨਾਂ ਨੇ ਪ੍ਰਿੰਸੀਪਲ ਸਾਹਿਬ ਦੇ ਸੁਨਹਿਰੀ ਸਫਰ ਦੀ ਕਾਮਨਾ ਕਰਦੇ ਹੋਏ ਉਹਨਾਂ ਨੂੰ ਨਿੱਘੀ ਵਿਦਾਈ ਦਿੱਤੀ। ਸਕੂਲ ਦੇ ਵਾਇਸ ਚੇਅਰਮੈਨ ਸ.ਦਲਵਿੰਦਰ ਸਿੰਘ ਨੇ ਦੱਸਿਆ ਕਿ ਸਾਨੂੰ ਇਸ ਗੱਲ ਦਾ ਮਾਣ ਹੈ ਕਿ ਪ੍ਰਿੰਸੀਪਲ ਸਾਹਿਬ ਨੇ ਸਕੂਲ ਪ੍ਰਬੰਧਕਾਂ ਦੇ ਮੋਢੇ ਨਾਲ ਮੋਢਾ ਡਾਹ ਕੇ ਜਿਸ ਤਰ੍ਹਾਂ ਵਿਦਿਆਰਥੀਆਂ ਦੀ ਬੇਹਤਰੀ ਲਈ ਕਾਰਜ ਕੀਤੇ ਉਸਦੇ ਨਤੀਜੇ ਸਾਡੇ ਸਾਹਮਣੇ ਹਨ ਕਿ ਇਹ ਸਕੂਲ ਦਿੱਲੀ ਅੰਦਰ ਸਿਰਕੱਢ ਸਕੂਲਾਂ ਦੀ ਗਿਣਤੀ ਵਿੱਚ ਸ਼ੁਮਾਰ ਹੈ। ਪ੍ਰਿੰਸੀਪਲ ਸਤਿਬੀਰ ਸਿੰਘ ਨੇ ਮੋਹ ਭਿੱਜੇ ਸ਼ਬਦਾਂ ਰਾਹੀ ਸਕੂਲ ਵਿੱਚ ਆਪਣੇ ਪੰਜ ਸ਼ਾਲ ਦੇ ਸਫਰ ਬਾਰੇ ਬਖਾਣ ਕਰਦੇ ਹੋਏ ਕਿਹਾ ਕਿ ਉਹਨਾਂ ਦੇ ਜੀਵਨ ਵਿਚ ਅਨੇਕਾਂ ਚੁਣੌਤਿਆਂ ਆਈਆਂ, ਲੇਕਿਨ ਅਕਾਲ ਪੁਰਖ ਦੀ ਮਿਹਰ ਸਦਕਾ ਉਹਨਾਂ ਨੇ ਇਹਨਾਂ ਚੁਣੌਤਿਆਂ ਦਾ ਸਾਹਮਣਾ ਖਿੜੇ ਮੱਥੇ ਕੀਤਾ। ਇਸ ਮੌਕੇ 'ਤੇ ਉਹਨਾਂ ਸਕੂਲ ਦੇ ਬਗੀਚੇ ਵਿੱਚ ਅੰਬ ਅਤੇ ਜਾਮਨ ਦੇ ਪੌਦੇ ਵੀ ਆਪਣੇ ਹੱਥਾ ਨਾਲ ਲਗਾਏ।



# BRAMPTON CASH AND CARRY

| | |
|---|---|
| WHOLESALER | IMPORTER |
| DISTRIBUTOR | RETAILER |

**Wholesaler, Importer, Distributor & Retailer of Restaurants Supply**








BRAMPTON
CASH & CARRY

Brampton CashandCarry2023@gmail.com

905-230-4800

100 Kennedy Road S., Brampton, ON L6W 3E7

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ
ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਨਟਾਰੀਓ



Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA
BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS

GRAND OPENING
BRAMPTON CASH AND CARRY
18 | 19 | 20
OCTOBER, 2024
OPEN EVERYDAY FROM
9:00 AM TO 9:00 PM
CONTACT
+1 (204) 560-7111
ADDRESS:-
1315 INKSTER BLVD, WINNIPEG MB
BRAMPTON CASH & CARRY
IMPORTER | WHOLESALER | RETAILER


AASHIRVAAD
AASHIRVAAD ATTA
Weight
20 Pond




Price
$12.99
BRAMPTON CASH & CARRY
I am Sorry !!!!!
BramptonCashandCarry2023@gmail.co
KENNEDY ROAD S., BRAMPTON ON L6W 3E7, CANADA
905-230-4800


AAPKI PASAND AAPKA SWAAD
DURUM CHAKKI
ATTA
Aapki
PASAND
AAPKA SWAAD
आटा
ਆਟਾ
Indian Style
DURUM
CHAKKI
ATTA
FARINE DE BLÉ
WHOLE WHEAT 100% BLÉ ENTIER
WEIGHT
20LB
PRICE
$9.99
6HR
SOFTNESS
BEST FOR ROLLS, PARANTHAS. POORIS & HOTBREADS
Contact us
905-230-4800 | 416-700-9100
100 KENNEDY ROAD S., BRAMPTON ON L6W 3E7, CANADA


MS INSURANCE
Secure your trust & life
RAJAT GUPTA
INSURANCE ADVISOR
416-427-8585
www.ms-insurance.ca
rajatgupta2299@gmail.com
Unit 27-90 Eastern Ave, Brampton, ON, L6W 1X9


INSURANCE BENEFITS
visa
SUPER VISA
VISITOR VISA
RESP, TFSA
MORTGAGE INSURANCE
TEHAL SINGH BRAR
LIVING BENEFITS ADVISOR
+(905)-782-2013
www.royalshieldgroup.com
tehalbrarcanada@gmail.com